# ਪੰਜਾਬ ਸਕੂਲ ਸਿੱਖਿਆ ਬੋਰਡ

## ਪਬਲਿਕ ਨੋਟਿਸ/ਪ੍ਰੈਸ ਨੋਟ

ਨੌਜੁਆਨ ਪੀੜ੍ਹੀ ਜਿੰਨ੍ਹਾਂ ਵਿੱਚ ਵਿਦਿਆਰਥੀਆਂ ਦੀ ਵੱਡੀ ਗਿਣਤੀ ਹੈ, ਮਿਹਨਤੀ ਉਸਾਰੂ ਅਤੇ ਸਕਾਰਤਮਕ ਸੋਚ ਦੀ ਮਾਲਕ ਹੈ। ਵਿਦਿਆਰਥੀਆਂ ਨੂੰ ਆਪਣੇ ਸੱਭਿਆਚਾਰ ਅਤੇ ਇਤਿਹਾਸ ਤੋਂ ਜਾਣੂ ਕਰਵਾਉਣ ਅਤੇ ਪੱਛਮੀਂ ਸੱਭਿਆਚਾਰ ਦੇ ਮਾੜੇ ਪ੍ਰਭਾਵ ਤੋਂ ਬਚਾਉਣ ਲਈ ਜਿੱਥੇ ਸਿੱਖਿਆ ਵਿਭਾਗ ਵੱਲੋਂ ਸਕੂਲਾਂ ਵਿੱਚ ਕਾਫੀ ਪੁਸਤਕਾਂ ਲਗਾਈਆਂ ਹੋਈਆਂ ਹਨ ਉੱਥੇ ਪੰਜਾਬ ਸਰਕਾਰ ਵੱਲੋਂ ਪੰਜਾਬ ਦੇ ਸ਼ਾਨਦਾਰ ਸਭਿਆਚਾਰ ਵਿਰਸੇ ਅਤੇ ਗੌਰਵਮਈ ਇਤਿਹਾਸ ਤੋਂ ਜਾਣੂ ਕਰਾਉਣ ਲਈ ਖਾਲਸਾ ਵਿਰਾਸਤ ਅਨੰਦਪੁਰ ਸਾਹਿਬ ਦੀ ਸਥਾਪਨਾ ਕੀਤੀ ਗਈ ਹੈ ਜੋ ਕਿ ਇੱਕ ਅਜੂਬਾ ਹੈ। ਇਸ ਲਈ ਬੋਰਡ ਨਾਲ਼ ਸੰਬੰਧਤ ਸਮੂਹ ਐਫੀਲੀਏਟਿਡ/ਐਸੋਸੀਏਟਿਡ/ਆਦਰਸ਼ ਸਕੂਲਾਂ ਨੂੰ ਹਦਾਇਤ ਕੀਤੀ ਜਾਂਦੀ ਹੈ ਕਿ ਉਹ ਆਪਣੇ ਵਿਦਿਆਰਥੀਆਂ ਨੂੰ ਖਾਲਸਾ ਵਿਰਾਸਤ ਦੇ ਦਰਸ਼ਨ ਜ਼ਰੂਰ ਕਰਵਾਉਣ ਤਾਂ ਜੋ ਵਿਦਿਆਰਥੀ ਪੰਜਾਬ ਦੇ ਅਮੀਰ ਸਭਿਆਚਾਰ ਅਤੇ ਗੌਰਵਮਈ ਇਤਿਹਾਸ ਤੋਂ ਜਾਣੂ ਹੋ ਸਕਣ।

ਸਕੱਤਰ